ਸਾਰਗ ਮਹਲਾ ੫ ॥ ਬਲਿਹਾਰੀ ਗੁਰਦੇਵ ਚਰਨ ॥ ਜਾ ਕੈ ਸੰਗਿ ਪਾਰਬ੍ਰਹਮੁ ਧਿਆਈਐ ਉਪਦੇਸੁ ਹਮਾਰੀ ਗਤਿ ਕਰਨ ॥੧॥ ਰਹਾਉ ॥ ਦੂਖ ਰੋਗ ਭੈ ਸਗਲ ਬਿਨਾਸੇ ਜੋ ਆਵੈ ਹਰਿ ਸੰਤ ਸਰਨ ॥ ਆਪਿ ਜਪੈ ਅਵਰਹ ਨਾਮੁ ਜਪਾਵੈ ਵਡ ਸਮਰਥ ਤਾਰਨ ਤਰਨ ॥ ੧॥ ਜਾ ਕੋ ਮੰਤ੍ਰੁ ਉਤਾਰੈ ਸਹਸਾ ਊਣੇ ਕਉ ਸੁਭਰ ਭਰਨ ॥ ਹਰਿ ਦਾਸਨ ਕੀ ਆਗਿਆ ਮਾਨਤ ਤੇ ਨਾਹੀ ਫੁਨਿ ਗਰਭ ਪਰਨ ॥੨॥ ਭਗਤਨ ਕੀ ਟਹਲ ਕਮਾਵਤ ਗਾਵਤ ਦੁਖ ਕਾਟੇ ਤਾ ਕੇ ਜਨਮ ਮਰਨ ॥ ਜਾ ਕਉ ਭਇਓ ਕ੍ਰਿਪਾਲੁ ਬੀਠੁਲਾ ਤਿਨਿ ਹਰਿ ਹਰਿ ਅਜਰ ਜਰਨ ॥੩॥ ਹਰਿ ਰਸਹਿ ਅਘਾਨੇ ਸਹਜਿ ਸਮਾਨੇ ਮੁਖ ਤੇ ਨਾਹੀ ਜਾਤ ਬਰਨ ॥ ਗੁਰ ਪ੍ਰਸਾਦਿ ਨਾਨਕ ਸੰਤੋਖੇ ਨਾਮੁ ਪ੍ਰਭੂ ਜਪਿ ਜਪਿ ਉਧਰਨ ॥ ੪॥੧੩॥ {ਪੰਨਾ 1206}

ਪਦਅਰਥ:- ਬਲਿਹਾਰੀ—ਸਦਕੇ, ਕੁਰਬਾਨ। ਜਾ ਕੈ ਸੰਗਿ—ਜਿਸ (ਗੁਰੂ) ਦੀ ਸੰਗਤਿ ਵਿਚ। ਧਿਆਈਐ—ਸਿਮਰਿਆ ਜਾ ਸਕਦਾ ਹੈ। ਗਤਿ—ਉੱਚੀ ਆਤਮਕ ਅਵਸਥਾ।1। ਰਹਾਉ।

ਭੈ ਸਗਲ—ਸਾਰੇ ਡਰ {ਲਫ਼ਜ਼ 'ਭਉ' ਤੋਂ ਬਹੁ-ਵਚਨ 'ਭੈ'}। ਅਵਰਹ—ਹੋਰਨਾਂ ਨੂੰ। ਤਰਨ—ਬੇੜੀ।1।

ਜਾ ਕੋ ਮੰਤ੍ਰੁ—ਜਿਸ (ਗੁਰੂ) ਦਾ ਉਪਦੇਸ਼। ਸਹਸਾ—ਸਹਮ। ਊਣੇ ਕਉ—ਆਤਮਕ ਜੀਵਨ ਤੋਂ ਸੱਖਣੇ ਨੂੰ। ਸੁਭਰ ਭਰਨ—ਨਕਾ-ਨਕ ਭਰ ਦੇਂਦਾ ਹੈ। ਤੇ—ਉਹ ਮਨੁੱਖ {ਬਹੁ-ਵਚਨ}। ਫੁਨਿ—ਮੁੜ।2।

ਤਾ ਕੇ—ਉਹਨਾਂ ਦੇ। ਜਾ ਕਉ—ਜਿਸ ਮਨੁੱਖ ਉੱਤੇ। ਬੀਠੁਲਾ—{ivÕTul} ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲਾ। ਤਿਨਿ—ਉਸ (ਮਨੁੱਖ) ਨੇ। ਹਰਿ ਅਜਰ—ਜਰਾ-ਰਹਿਤ ਹਰੀ ਨੂੰ। ਜਰਨ—(ਹਿਰਦੇ ਵਿਚ) ਪ੍ਰੋ ਲਿਆ।3।

ਹਰਿ ਰਸਹਿ—ਹਰੀ ਦੇ ਨਾਮ-ਰਸ ਨਾਲ। ਅਘਾਨੇ—ਰੱਜ ਗਏ। ਸਹਜਿ—ਆਤਮਕ ਅਡੋਲਤ ਵਿਚ। ਮੁਖ ਤੇ—ਮੂੰਹੋਂ। ਜਾਤ ਬਰਨ—ਬਿਆਨ ਕੀਤੇ ਜਾ ਸਕਦੇ। ਪ੍ਰਸਾਦਿ—ਕਿਰਪਾ ਨਾਲ। ਸੰਤੋਖੇ—ਸੰਤੋਖ ਵਾਲੇ ਹੋ ਗਏ। ਜਪਿ—ਜਪ ਕੇ। ਉਧਰਨ—ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ।4।

ਅਰਥ:- ਹੇ ਭਾਈ! (ਮੈਂ ਆਪਣੇ) ਗੁਰੂ ਦੇ ਚਰਨਾਂ ਤੋਂ ਸਦਕੇ ਜਾਂਦਾ ਹਾਂ, ਜਿਸ ਦਾ ਉਪਦੇਸ਼ ਅਸਾਂ ਜੀਵਾਂ ਦੀ ਉੱਚੀ ਆਤਮਕ ਦਸ਼ਾ ਬਣਾ ਦੇਂਦਾ ਹੈ।1। ਰਹਾਉ।

ਹੇ ਭਾਈ! ਜਿਹੜਾ ਮਨੁੱਖ ਹਰੀ ਦੇ ਸੰਤ ਗੁਰਦੇਵ ਦੀ ਸਰਨ ਪੈਂਦਾ ਹੈ, ਉਸ ਦੇ ਸਾਰੇ ਦੁੱਖ ਸਾਰੇ ਰੋਗ ਸਾਰੇ ਡਰ ਨਾਸ ਹੋ ਜਾਂਦੇ ਹਨ। ਉਹ ਮਨੁੱਖ ਵੱਡੀ ਸਮਰਥਾ ਵਾਲੇ ਹਰੀ ਦਾ ਸਭ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ-ਜੋਗ ਹਰੀ ਦਾ ਨਾਮ ਆਪ ਜਪਦਾ ਹੈ ਅਤੇ ਹੋਰਨਾਂ ਪਾਸੋਂ ਜਪਾਂਦਾ ਹੈ।1।

ਹੇ ਭਾਈ! (ਮੈਂ ਆਪਣੇ ਗੁਰੂ ਦੇ ਚਰਨਾਂ ਤੋਂ ਸਦਕੇ ਜਾਂਦਾ ਹਾਂ) ਜਿਸ ਦਾ ਉਪਦੇਸ਼ ਮਨੁੱਖ ਦਾ ਸਹਮ ਦੂਰ ਕਰ ਦੇਂਦਾ ਹੈ ਜਿਹੜਾ ਗੁਰੂ ਆਤਮਕ ਜੀਵਨ ਤੋਂ ਸੱਖਣੇ ਮਨੁੱਖਾਂ ਨੂੰ ਨਕਾ-ਨਕ ਭਰ ਦੇਂਦਾ ਹੈ। (ਹੇ ਭਾਈ!) ਜਿਹੜੇ ਮਨੁੱਖ ਹਰੀ ਦੇ ਦਾਸਾਂ ਦੀ ਰਜ਼ਾ ਵਿਚ ਤੁਰਦੇ ਹਨ, ਉਹ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦੇ।2।

ਹੇ ਭਾਈ! ਸੰਤ ਜਨਾਂ ਦੀ ਸੇਵਾ ਕਰਦਿਆਂ ਪਰਮਾਤਮਾ ਦੇ ਗੁਣ ਗਾਂਦਿਆਂ (ਗੁਰੂ) ਉਹਨਾਂ ਦੇ ਜਨਮ ਮਰਨ ਦੇ ਸਾਰੇ ਦੁੱਖ ਕੱਟ ਦੇਂਦਾ ਹੈ। (ਗੁਰੂ ਦੀ ਮਿਹਰ ਨਾਲ) ਜਿਸ ਮਨੁੱਖ ਉੱਤੇ ਮਾਇਆ ਤੋਂ ਨਿਰਲੇਪ ਪ੍ਰਭੂ ਦਇਆਵਾਨ ਹੁੰਦਾ ਹੈ, ਉਸ ਮਨੁੱਖ ਨੇ ਸਦਾ ਜਵਾਨ ਰਹਿਣ ਵਾਲੇ (ਜਰਾ-ਰਹਿਤ) ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ਹੈ।3।

ਹੇ ਨਾਨਕ! ਜਿਹੜੇ ਮਨੁੱਖ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਨਾਮ-ਰਸ ਨਾਲ ਰੱਜ ਜਾਂਦੇ ਹਨ, ਆਤਮਕ ਅਡੋਲਤਾ ਵਿਚ ਲੀਨ ਹੋ ਜਾਂਦੇ ਹਨ (ਉਹਨਾਂ ਦੀ ਉੱਚੀ ਆਤਮਕ ਅਵਸਥਾ) ਮੂੰਹੋਂ ਬਿਆਨ ਨਹੀਂ ਕੀਤੀ ਜਾ

ਸਕਦੀ। ਉਹ ਮਨੁੱਖ ਪ੍ਰਭੂ ਦਾ ਨਾਮ ਜਪ ਕੇ ਸੰਤੋਖੀ ਜੀਵਨ ਵਾਲੇ ਹੋ ਜਾਂਦੇ ਹਨ, ਉਹ ਮਨੁੱਖ ਪ੍ਰਭੂ ਦਾ ਨਾਮ ਜਪ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।4।13।